ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ



ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ 4 ਜਨਵਰੀ ਨੂੰ ਸ਼ਾਮ 4.30 ਤੋਂ 5.30 ਵਜੇ ਤੱਕ **ਭਾਈ ਰਵਿੰਦਰ ਸਿੰਘ** ਤੇ 5 ਜਨਵਰੀ ਨੂੰ ਸਵੇਰੇ 4:00 ਤੋਂ 6:00 ਵਜੇ ਤੱਕ **ਭਾਈ ਰਵਿੰਦਰ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ.ਟੀ.ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 4 ਜਨਵਰੀ ਨੂੰ ਸ਼ਾਮ 4:30 ਤੋਂ 6:30 ਵਜੇ ਤੱਕ **ਭਾਈ ਰਵਿੰਦਰ ਸਿੰਘ** ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਨਰਿੰਦਰ ਸਿੰਘ** ਅਤੇ 5 ਜਨਵਰੀ ਨੂੰ ਸਵੇਰੇ 4:00 ਵਜੇ ਤੋਂ 7:45 ਵਜੇ ਤੱਕ **ਭਾਈ ਰਵਿੰਦਰ ਸਿੰਘ ਤੇ ਭਾਈ ਗੁਰਪ੍ਰੀਤ ਸਿੰਘ** ਕੀਰਤਨ ਕਰਨਗੇ।

ਮੁੱਖ ਵਾਕ ਦੀ ਕਥਾ : 4 ਜਨਵਰੀ ਨੂੰ ਗਿਆਨੀ ਸਤਨਾਮ ਸਿੰਘ ਖਡੂਰ ਸਾਹਿਬ ਤੇ 5 ਜਨਵਰੀ ਨੂੰ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਸ੍ਰੀ ਮੰਜੀ ਸਾਹਿਬ ਦੀਵਾਨ ਹਾਲ (ਸ੍ਰੀ ਹਰਿਮੰਦਰ ਸਾਹਿਬ) ਵਿਖੇ 7:45 ਵਜੇ ਤੋਂ 8:30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਯੂਥ ਅਕਾਲੀ ਦਲ ਦੇ ਸਰਪ੍ਰਸਤ ਬਿਕਰਮ ਸਿੰਘ ਮਜੀਠੀਆ ਦੇ ਹੱਕ ਵਿਚ ਕੱਢੇ ਗਏ ਰੋਸ ਮਾਰਚ ਦਾ ਇਕ ਦ੍ਰਿਸ਼। *ਤਸਵੀਰ : ਕਰਮਜੀਤ ਸਿੰਘ*

ਜਸਪਾਲ ਸਿੰਘ ਬਿੱਟੂ ਚੱਠਾ ਦਾ ਸਨਮਾਨ ਕਰਦੇ ਜਥੇਦਾਰ ਪ੍ਰਤਾਪ ਸਿੰਘ ਤੇ ਹੋਰ। *ਅਜੀਤ ਤਸਵੀਰ*

ਅਕਾਲੀ ਦਲ-ਬਸਪਾ ਜਿੱਤ ਤੋਂ ਬਾਅਦ ਕਰੇਗੀ ਲੋਕਾਂ ਦੇ ਮਸਲੇ ਹੱਲ - ਬਿੱਟੂ ਚੱਠਾ

ਪਟਿਆਲਾ, 3 ਜਨਵਰੀ (ਗੁਰਵਿੰਦਰ ਸਿੰਘ ਔਲਖ) - ਸ਼੍ਰੋਮਣੀ ਅਕਾਲੀ ਦਲ ਤੇ ਬਸਪਾ ਦੇ ਪਟਿਆਲਾ ਦਿਹਾਤੀ ਤੋਂ ਉਮੀਦਵਾਰ ਜਸਪਾਲ ਸਿੰਘ ਬਿੱਟੂ ਚੱਠਾ ਨੇ ਆਖਿਆ ਕਿ ਆਪਸੀ ਫੁੱਟ ਦਾ ਸ਼ਿਕਾਰ ਹੋ ਚੁੱਕੀ ਕਾਂਗਰਸ ਨੇ ਪੰਜਾਬ ਦਾ ਬੇੜਾ ਗਰਕ ਕਰਕੇ ਰੱਖ ਦਿੱਤਾ ਹੈ। ਇਸ ਲਈ ਲੋਕ ਕਾਂਗਰਸ ਨੂੰ ਚੱਲਦਾ ਕਰਨ ਲਈ ਬੇਸਬਰੀ ਨਾਲ ਚੋਣਾਂ ਦਾ ਇੰਤਜ਼ਾਰ ਕਰ ਰਹੇ ਹਨ। ਬਿੱਟੂ ਚੱਠਾ ਨੇ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਅੱਜ ਜੱਥਾ ਮਿਸ਼ਨ ਸ਼ਹੀਦ ਭਾਈ ਮਨੀ ਸਿੰਘ ਤਰਨਾ ਦਲ ਦੇ ਜਥੇਦਾਰ ਪ੍ਰਤਾਪ ਸਿੰਘ ਤੋਂ ਆਸ਼ੀਰਵਾਦ ਲੈਣ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਹੁਣ ਲੋਕ ਚੰਗੀ ਤਰ੍ਹਾਂ ਜਾਣ ਚੁੱਕੇ ਹਨ ਕਿ ਕਾਂਗਰਸ ਸਿਰਫ਼ ਕੁਰਸੀ ਲਈ ਲੜ ਸਕਦੀ ਹੈ ਤੇ ਲੋਕਾਂ 'ਤੇ ਅੱਤਿਆਚਾਰ ਕਰ ਸਕਦੀ ਹੈ ਕਦੇ ਵੀ ਲੋਕਾਂ ਲਈ ਵਿਕਾਸ ਨਹੀਂ ਕਰ ਸਕਦੀ। ਉਨ੍ਹਾਂ ਕਿਹਾ ਕਿ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਉਣ ਦੇ ਨਾਲ-ਨਾਲ ਲੋਕਾਂ ਨੂੰ 13 ਨੁਕਾਤੀ ਪ੍ਰੋਗਰਾਮ ਸਬੰਧੀ ਵੀ ਜਾਣੂ ਕਰਵਾਇਆ ਜਾ ਰਿਹਾ ਹੈ, ਜਿਸ ਦਾ ਚਾਰੇ ਪਾਸਿਓਂ ਭਰਵਾਂ ਹੁੰਗਾਰਾ ਵੀ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਚੋਣਾਂ 'ਚ ਅਕਾਲੀ ਦਲ ਤੇ ਬਸਪਾ ਇੱਕ ਰਿਕਾਰਡਤੋੜ ਜਿੱਤ ਲੋਕਾਂ ਦੇ ਸਹਿਯੋਗ ਨਾਲ ਪ੍ਰਾਪਤ ਕਰੇਗੀ ਤੇ ਲੋਕਾਂ ਲਈ ਵਿਕਾਸ ਕਰੇਗੀ। ਇਸ ਮੌਕੇ ਉਨ੍ਹਾਂ ਨਾਲ ਜਥੇਦਾਰ ਬਲਬੀਰ ਸਿੰਘ, ਸੁਖਵਿੰਦਰ ਸਿੰਘ ਸੁੱਖਾ, ਜਗੀਰ ਸਿੰਘ ਰਾਠੌਰ, ਰਛਪਾਲ ਸਿੰਘ, ਜੋਗਾ ਸਿੰਘ, ਤਰਨਾ ਦਲ ਦੀਆਂ ਫੌਜਾਂ, ਸਾਬਕਾ ਕੌਂਸਲਰ ਲਵਜੋਤ ਸਿੰਘ, ਹੁਸਨ ਕੁਮਾਰ ਸੋਨੂੰ, ਸੁੱਖ ਅੰਮ੍ਰਿਤਪਾਲ ਸਿੱਧੂ ਆਦਿ ਹਾਜਰ ਸਨ।

ਚੌਰਾ ਪਿੰਡ 'ਚ ਸਵੀਪ ਟੀਮ ਵਲੋਂ ਲਗਾਏ ਕੈਂਪ ਦਾ ਦ੍ਰਿਸ਼। ਅਜੀਤ ਤਸਵੀਰ

80 ਸਾਲ ਤੋਂ ਵੱਧ ਉਮਰ ਦੇ ਵੋਟਰਾਂ ਤੇ ਦਿਵਿਆਂਗਜਨਾਂ ਨੂੰ ਚੋਣਾਂ ਵਾਲੇ ਦਿਨ ਮਿਲਣਗੀਆਂ ਵਿਸ਼ੇਸ਼ ਸਹੂਲਤਾਂ

ਪਟਿਆਲਾ, 3 ਜਨਵਰੀ (ਅਮਰਬੀਰ ਸਿੰਘ ਆਹਲੂਵਾਲੀਆ) - ਆਗਾਮੀ ਵਿਧਾਨ ਸਭਾ ਚੋਣਾਂ 'ਚ ਆਮ ਲੋਕਾਂ ਦੀ ਵੋਟਾਂ ਵਿਚ ਭਾਗੀਦਾਰੀ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹਾ ਪਟਿਆਲਾ ਦੀ ਸਵੀਪ ਟੀਮ ਵਲੋਂ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਅਤੇ ਨੋਡਲ ਅਧਿਕਾਰੀ ਦਿਵਿਆਂਗਜਨ ਦੀ ਅਗਵਾਈ 'ਚ ਲਗਾਤਾਰ ਗਤੀਵਿਧੀਆਂ ਉਲੀਕੀਆਂ ਜਾ ਰਹੀਆਂ ਹਨ। ਅੱਜ 80 ਸਾਲ ਤੋਂ ਵਧੇਰੇ ਉਮਰ ਦੇ ਵੋਟਰਾਂ ਨੂੰ ਜਾਗਰੂਕ ਕਰਨ ਅਤੇ ਚੋਣ ਵਾਲੇ ਦਿਨ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਸਬੰਧੀ ਜਾਣਕਾਰੀ ਦੇਣ ਲਈ ਸਵੀਪ ਟੀਮ ਵਲੋਂ ਵਿਸ਼ੇਸ਼ ਕੈਂਪ ਦਾ ਆਯੋਜਨ ਪਿੰਡ ਚੌਰਾ ਹਲਕਾ ਸਨੌਰ ਵਿਖੇ ਕੀਤਾ ਗਿਆ ਜਿਸ ਦੇ ਤਹਿਤ ਉਹ ਵੋਟ ਪਾਉਣ ਸਮੇਂ ਜ਼ਰੂਰਤ ਅਨੁਸਾਰ ਵ੍ਹੀਕਲ, ਵੀਲ੍ਹ ਚੇਅਰ ਜਾਂ ਬਤੌਰ ਸਹਾਇਕ ਰਾਸ਼ਟਰੀ ਸੇਵਾ ਯੋਜਨਾ ਦੇ ਵਲੰਟੀਅਰਾਂ ਦੀਆਂ ਸੇਵਾਵਾਂ ਲੈ ਸਕਦੇ ਹਨ। ਜ਼ਿਲ੍ਹਾ ਸਮਾਜਿਕ ਸੁਰੱਖਿਆ ਵਿਭਾਗ ਵਲੋਂ ਸੀ.ਡੀ.ਪੀ.ਓਜ, ਬੀ.ਐਲ.ਓਜ ਅਤੇ ਐਨ.ਜੀ.ਓਜ ਦੀਆਂ ਵੱਖ-ਵੱਖ ਟੀਮਾਂ ਬਣਾ ਕੇ ਅਜਿਹੇ ਵੋਟਰਾਂ ਦੀ ਸ਼ਨਾਖ਼ਤ ਕਰਨ ਅਤੇ ਸਹੂਲਤਾਂ ਸਬੰਧੀ ਡਾਟਾ ਇਕੱਠਾ ਕਰਨ ਲਈ ਟੀਮਾਂ ਦਾ ਗਠਨ ਕੀਤਾ ਗਿਆ ਹੈ। ਇਸ ਮੌਕੇ ਪ੍ਰੋ. ਗੁਰਬਖਸ਼ੀਸ਼ ਸਿੰਘ ਅੰਟਾਲ, ਵਰਿੰਦਰ ਸਿੰਘ ਟਿਵਾਣਾ, ਸਤਬੀਰ ਸਿੰਘ ਗਿੱਲ, ਰਘਵੀਰ ਸਿੰਘ ਵੀ ਹਾਜ਼ਰ ਸਨ।

ਬਿਕਰਮ ਸਿੰਘ ਮਜੀਠੀਆ ਦੇ ਹੱਕ 'ਚ ਪੰਜਾਬ ਸਰਕਾਰ ਖ਼ਿਲਾਫ਼ ਕੀਤਾ ਵਿਸ਼ਾਲ ਰੋਸ ਮਾਰਚ

ਨਾਭਾ, 3 ਜਨਵਰੀ (ਕਰਮਜੀਤ ਸਿੰਘ) - ਯੂਥ ਅਕਾਲੀ ਦਲ ਦੇ ਸਰਪ੍ਰਸਤ ਅਤੇ ਪੰਜਾਬ ਦੇ ਸਾਬਕਾ ਕੈਬਿਨਟ ਮੰਤਰੀ ਬਿਕਰਮ ਸਿੰਘ ਮਜੀਠੀਆ ਦੇ ਖ਼ਿਲਾਫ਼ ਜੋ ਪੰਜਾਬ ਪੁਲਿਸ ਵਲੋਂ ਨਸ਼ਿਆਂ ਦੇ ਮਾਮਲੇ 'ਚ ਮਾਮਲਾ ਦਰਜ ਕੀਤਾ ਗਿਆ ਹੈ, ਦੇ ਖ਼ਿਲਾਫ਼ ਨਾਭਾ 'ਚ ਯੂਥ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਗੁਰਸੇਵਕ ਸਿੰਘ ਗੋਲੂ ਅਤੇ ਯੂਥ ਆਗੂ ਵਿਕਰਮ ਸਿੰਘ ਚੌਹਾਨ ਦੀ ਅਗਵਾਈ ਹੇਠ ਸਥਾਨਕ ਪਟਿਆਲਾ ਗੇਟ ਤੋਂ ਇਕ ਵਿਸ਼ਾਲ ਰੋਸ ਮਾਰਚ ਕੱਢਿਆ ਗਿਆ। ਇਸ ਰੋਸ ਮਾਰਚ ਵਿਚ ਨੌਜਵਾਨਾਂ ਵਲੋਂ ਜਿਥੇ ਪੰਜਾਬ ਸਰਕਾਰ ਦੇ ਖ਼ਿਲਾਫ਼ ਨਾਅਰੇ ਲਗਾਏ ਗਏ ਉਥੇ ਬਿਕਰਮ ਸਿੰਘ ਮਜੀਠੀਆ ਦੇ ਖ਼ਿਲਾਫ਼ ਪੰਜਾਬ ਪੁਲਿਸ ਵਲੋਂ ਕੀਤੇ ਗਏ ਮਾਮਲੇ ਰੱਦ ਕਰਨ ਦੀ ਮੰਗ ਕੀਤੀ ਗਈ। ਇਸ ਮੌਕੇ ਯੂਥ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਗੁਰਸੇਵਕ ਸਿੰਘ ਗੋਲੂ ਨੇ ਕਿਹਾ ਕਿ ਕਾਂਗਰਸ ਸਰਕਾਰ ਆਪ ਦੀਆਂ ਅਸੈਂਬਲੀ ਚੋਣਾਂ ਵਿਚ ਆਪਣੀ ਹਾਰ ਨੂੰ ਦੇਖਦੇ ਹੋਏ ਬੌਖਲਾਹਟ ਵਿਚ ਹੈ ਅਤੇ ਇਸੇ ਹੀ ਕੜੀ ਵਿਚ ਪੰਜਾਬ ਦੇ ਨੌਜਵਾਨਾਂ ਦੇ ਦਿਲਾਂ ਦੀ ਜਾਨ ਅਤੇ ਨਿਧੜਕ ਨੇਤਾ ਬਿਕਰਮ ਸਿੰਘ ਮਜੀਠੀਆ ਦੇ ਖ਼ਿਲਾਫ਼ ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਪੰਜਾਬ ਪੁਲਿਸ ਵਲੋਂ ਅੱਧੀ ਰਾਤ ਨੂੰ ਮਜੀਠੀਆ ਖ਼ਿਲਾਫ਼ ਝੂਠਾ ਮਾਮਲਾ ਦਰਜ ਕੀਤਾ ਗਿਆ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਜੀਤ ਸਿੰਘ, ਜਸਕਰਨ ਸਿੰਘ, ਰਮਨ ਗਰਗ, ਜਗਦੀਪ ਸਿੰਘ, ਮਨਿੰਦਰਪਾਲ ਸਿੰਘ ਸੰਨੀ, ਹਰਪ੍ਰੀਤ ਸਿੰਘ, ਹਰਮਨ ਸਿੰਘ, ਸ਼ਰਨਜੀਤ ਸਿੰਘ, ਜਸਕਰਨ ਸਿੰਘ ਰਿਸ਼ੂ ਮਿੱਤਲ, ਸਿਕੰਦਰ ਸਿੰਘ ਚੌਧਰੀਮਾਜਰਾ, ਭੁਪਿੰਦਰ ਸਿੰਘ ਟਿਵਾਣਾ, ਗੱਗੂ, ਜੋਰਾ ਸਿੰਘ, ਆਸ਼ੂ ਖਾਨ ਅਤੇ ਵੱਡੀ ਗਿਣਤੀ ਵਿਚ ਨੌਜਵਾਨ ਹਾਜ਼ਰ ਸਨ।

ਹੁਣ ਘਬਰਾਓ ਨਾ! ਘੱਟ ਸੁਣਾਈ ਦੇਣ ਦੀ ਸਮੱਸਿਆ ਤੋਂ ਪਾ ਸਕਦੇ ਹਾਂ ਛੁਟਕਾਰਾ!

ਲੁਧਿਆਣਾ, 3 ਜਨਵਰੀ (ਸਲੇਮਪੁਰੀ) - ਫਜਹੜ ਵਿਅਕਤੀਆਂ ਨੂੰ ਘੱਟ ਸੁਣਾਈ ਦਿੰਦਾ ਹੈ, ਹੁਣ ਉਨ੍ਹਾਂ ਨੂੰ ਘਬਰਾਉਣ ਦੀ ਲੋੜ ਨਹੀਂ ਹੈ, ਕਿਉਂਕਿ ਉਹ ਇਸ ਸਮੱਸਿਆ ਤੋਂ ਛੁਟਕਾਰਾ ਪਾ ਸਕਦੇ ਹਨ, ਜਿਹੜੇ ਵਿਅਕਤੀ ਮਹਿੰਗੀਆਂ ਕੰਨ ਮਸ਼ੀਨਾਂ ਨਹੀਂ ਖ਼ਰੀਦ ਸਕਦੇ ਉਨ੍ਹਾਂ, ਦੇ ਲਈ ਮੈਕਸ ਇੰਟਰਨੈਸ਼ਨਲ ਕੰਨ ਮਸ਼ੀਨ ਕੰਪਨੀ ਵਲੋਂ 5 ਜਨਵਰੀ ਨੂੰ ਪਟਿਆਲਾ ਸਥਿਤ ਵਰਧਮਾਨ ਮਹਾਵੀਰ ਹੈਲਥ ਕੇਅਰ ਫੇਸ-2 ਅਰਬਨ ਅਸਟੇਟ ਰਾਜ ਪੁਰਾ ਰੋਡ ਵਿਖੇ ਕੰਨਾਂ ਦੀ ਜਾਂਚ ਲਈ ਵਿਸ਼ੇਸ਼ ਡਾਕਟਰੀ ਜਾਂਚ ਕੈਂਪ ਲਗਾਇਆ ਜਾ ਰਿਹਾ ਹੈ ਅਤੇ ਇਸ ਕੈਂਪ ਦੌਰਾਨ ਲੋੜਵੰਦਾਂ ਨੂੰ ਸਸਤੀ ਦਰ ਨਾਲ ਵਧੀਆ ਮਸ਼ੀਨਾਂ ਮੁਹੱਈਆ ਕਰਵਾਈਆਂ ਜਾਣਗੀਆਂ। ਮੈਨੇਜਰ ਰੁਪਿੰਦਰ ਕੌਰ ਨੇ ਦੱਸਿਆ ਹੈ ਕਿ ਕੰਪਨੀ ਦੇ ਮੁੱਖ ਪ੍ਰਬੰਧਕ ਡਾ. ਐਲ.ਕੇ. ਮਲਿਕ ਦੀ ਅਗਵਾਈ ਹੇਠ ਕੰਪਨੀ ਵਲੋਂ ਸਵੇਰੇ 10 ਵਜੇ ਤੋਂ ਬਾਅਦ ਦੁਪਹਿਰ 4.00 ਵਜੇ ਤੱਕ ਕੈਂਪ ਲਗਾਇਆ ਜਾਵੇਗਾ, ਜਿਸ ਦੌਰਾਨ ਲੋੜਵੰਦਾਂ ਨੂੰ 50 ਫ਼ੀਸਦੀ ਛੋਟ ਉਪਰ ਕੰਨ ਮਸ਼ੀਨਾਂ ਉਪਲੱਬਧ ਕਰਵਾਈਆਂ ਜਾਣਗੀਆਂ। ਉਕਤ ਸਿਹਤ ਕੇਂਦਰ ਦੇ ਪ੍ਰਬੰਧਕਾਂ ਦਾ ਕਹਿਣਾ ਹੈ ਕਿ ਲੋੜਵੰਦ ਵਿਅਕਤੀ ਇਸ ਮੌਕੇ ਦਾ ਫਾਇਦਾ ਉਠਾਉਣ ਅਤੇ ਆਪਣੀ ਸਮੱਸਿਆ ਤੋਂ ਛੁਟਕਾਰਾ ਪਾਉਣ ਕਿਉਂਕਿ ਕੰਪਨੀ ਵਲੋਂ ਲਗਾਏ ਜਾ ਰਹੇ ਵਿਸ਼ੇਸ਼ ਜਾਂਚ ਕੈਂਪਾਂ ਸਦਕਾ ਹੁਣ ਤੱਕ ਵੱਡੀ ਗਿਣਤੀ ਵਿਚ ਲੋਕ ਘੱਟ ਸੁਣਨ ਦੀ ਸਮੱਸਿਆ ਤੋਂ ਛੁਟਕਾਰਾ ਪਾ ਕੇ ਖ਼ੁਸ਼ੀ ਮਹਿਸੂਸ ਕਰ ਰਹੇ ਹਨ।

ਨਾਭਾ ਦੇ ਕਾਂਗਰਸੀ ਪਰਿਵਾਰ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋਣ ਮੌਕੇ ਹਲਕਾ ਨਾਭਾ ਦੇ ਪਾਰਟੀ ਉਮੀਦਵਾਰ ਦੇਵ ਮਾਨ ਨਾਲ। *ਤਸਵੀਰ : ਕਰਮਜੀਤ ਸਿੰਘ*

ਨਾਭਾ ਤੋਂ ਕਈ ਕਾਂਗਰਸੀ ਪਰਿਵਾਰ 'ਆਪ' 'ਚ ਸ਼ਾਮਿਲ

ਨਾਭਾ, 3 ਜਨਵਰੀ (ਕਰਮਜੀਤ ਸਿੰਘ) - ਵਿਧਾਨ ਸਭਾ ਹਲਕਾ ਨਾਭਾ ਵਿਚ ਆਮ ਆਦਮੀ ਪਾਰਟੀ ਲਗਾਤਾਰ ਮਜ਼ਬੂਤ ਹੋ ਰਹੀ ਹੈ। ਇਹ ਗੱਲ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਐਮ.ਐਲ.ਏ ਦੇ ਉਮੀਦਵਾਰ ਗੁਰਦੇਵ ਸਿੰਘ ਦੇਵ ਮਾਨ ਨੇ ਕਹੀ। ਉਨ੍ਹਾਂ ਕਿਹਾ ਕੇ ਲਗਾਤਾਰ ਕਾਂਗਰਸ, ਅਕਾਲੀ ਅਤੇ ਬੀਜੇਪੀ ਦੇ ਟਕਸਾਲੀ ਆਗੂ ਆਮ ਆਦਮੀ ਪਾਰਟੀ ਵਿਚ ਸ਼ਾਮਿਲ ਹੋ ਰਹੇ ਹਨ ਅਤੇ ਨਾਭਾ ਦੇ ਨਾਲ ਲੱਗਦੀ ਖਹਿਰਾ ਕਾਲੋਨੀ ਤੋਂ ਦੋ ਦਰਜਨ ਕਾਂਗਰਸੀ ਪਰਿਵਾਰਾਂ ਨੇ ਉਨ੍ਹਾਂ ਦੀ ਹਾਜਰੀ ਵਿਚ 'ਝਾੜੂ' ਫੜ ਲਿਆ। ਸ਼ਾਮਿਲ ਹੋਏ ਕਾਂਗਰਸੀ ਪਰਿਵਾਰਾਂ ਨੇ ਕਿਹਾ ਕਿ ਕਾਂਗਰਸ ਨੇ ਜੋ ਵਾਅਦੇ ਕੀਤੇ ਸਨ, ਉਹ ਪੂਰੇ ਨਹੀਂ ਕੀਤੇ। ਕਾਂਗਰਸ ਨੇ ਗੁਟਕਾ ਸਾਹਿਬ ਦੀ ਸੌਂਹ ਖਾ ਕੇ ਨਿਰਾ ਝੂਠ ਬੋਲਿਆ ਹੈ। ਇਸ ਮੌਕੇ ਸ਼ਾਮਿਲ ਹੋਣ ਵਾਲਿਆ ਵਿਚ ਕੁਲਵਿੰਦਰ ਕੌਰ, ਹਰਜੀਤ ਸਿੰਘ, ਅੰਮ੍ਰਿਤ ਲਾਲ, ਇੰਦਰਪਾਲ ਸਿੰਘ, ਬਲਵੀਰ ਸਿੰਘ, ਮੇਜਰ ਸਿੰਘ, ਗੁਰਦੀਪ ਸਿੰਘ, ਦਵਿੰਦਰ ਸਿੰਘ, ਪਰਮਜੀਤ ਸਿੰਘ, ਮੇਵਾ ਸਿੰਘ, ਸੁਦਾਗਰ ਸਿੰਘ ਫ਼ੌਜੀ, ਮੀਨਾ ਰਾਣੀ, ਮਨਜੀਤ ਕੌਰ ਆਦਿ ਹਨ। ਦੇਵ ਮਾਨ ਨੇ ਸ਼ਾਮਿਲ ਪਰਿਵਾਰ ਦਾ ਸਵਾਗਤ ਕੀਤਾ। ਇਸ ਮੌਕੇ ਨਾਭਾ ਸਥਾਨਿਕ ਲੀਡਰਸ਼ਿਪ ਤੋਂ ਰਾਣਾ ਨਾਭਾ, ਜਗਜੀਤ ਕੌਰ ਜਵੰਧਾ, ਹਰਮੀਕ ਬਾਜਵਾ, ਮਨਪ੍ਰੀਤ ਧਾਰੋਕੀ, ਬਲਵਿੰਦਰ ਬੱਲੂ, ਸੰਦੀਪ ਸ਼ਰਮਾ, ਸਿਮਰਨ ਚੌਹਾਨ, ਜੋਗਾ ਸਿੰਘ ਮੈਹਸ, ਬਲਵੀਰ ਸਿੰਘ ਵੀ ਹਾਜ਼ਰ ਸਨ।

ਕਾਂਗਰਸ ਦੇ ਮੰਤਰੀਆਂ ਅਤੇ ਨਵਜੋਤ ਸਿੰਘ ਸਿੱਧੂ ਦੀ ਆਪਸੀ ਲੜਾਈ ਨੇ ਪੰਜਾਬ ਨੂੰ ਡੋਬਿਆ- ਰੱਖੜਾ

ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ ਗੱਲਬਾਤ ਕਰਦੇ ਹੋਏ। ਅਜੀਤ ਤਸਵੀਰ

ਪਟਿਆਲਾ, 3 ਜਨਵਰੀ (ਗੁਰਵਿੰਦਰ ਸਿੰਘ ਔਲਖ) - ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸਾਬਕਾ ਮੰਤਰੀ ਪੰਜਾਬ ਸੁਰਜੀਤ ਸਿੰਘ ਰੱਖੜਾ ਨੇ ਆਖਿਆ ਕਿ ਕਾਂਗਰਸ ਦੇ ਮੰਤਰੀਆਂ ਅਤੇ ਨਵਜੋਤ ਸਿੰਘ ਸਿੱਧੂ ਦੀ ਆਪਸੀ ਲੜਾਈ ਨੇ ਪੰਜਾਬ ਨੂੰ ਡੋਬ ਕੇ ਰੱਖ ਦਿੱਤਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਦੀ ਆਪਸੀ ਲੜਾਈ ਵਿਚ ਪੰਜਾਬ ਦਾ ਵਿਕਾਸ ਤੇ ਨੌਜਵਾਨਾਂ ਦਾ ਭਵਿੱਖ ਧੁੰਦਲਾ ਹੋ ਗਿਆ ਹੈ, ਜਿਸ ਨੂੰ ਬਚਾਉਣ ਲਈ ਅਕਾਲੀ ਦਲ-ਬਸਪਾ ਨੂੰ ਸੱਤਾ 'ਚ ਲੈ ਕਿ ਆਉਣਾ ਜ਼ਰੂਰੀ ਹੋ ਚੁੱਕਾ ਹੈ। ਉਨ੍ਹਾਂ ਕਿਹਾ ਕਿ ਇਹ ਸਪਸ਼ਟ ਹੋ ਚੁਕਾ ਹੈ ਕਿ ਕਾਂਗਰਸ ਦੇ ਪਲੇ ਹੁਣ ਕੁੱਝ ਵੀ ਨਹੀਂ ਰਿਹਾ ਹੈ। ਕਾਂਗਰਸ ਦੇ ਮੰਤਰੀ ਕੁਰਸੀ ਦੀ ਲੜਾਈ ਲੜ ਰਹੇ ਹਨ, ਜਦੋਂ ਕਿ ਪੰਜਾਬ ਦੇ ਭਵਿੱਖ ਨਾਲ ਅਤੇ ਵਿਕਾਸ ਤੋਂ ਉਨ੍ਹਾਂ ਨੂੰ ਕੁੱਝ ਵੀ ਲੈਣਾ ਦੇਣਾ ਨਹੀਂ ਹੈ। ਰੱਖੜਾ ਨੇ ਕਿਹਾ ਕਿ ਹੁਣ ਲੋਕਾਂ ਦਾ ਸਿੱਧੇ ਤੌਰ 'ਤੇ ਵਿਸ਼ਵਾਸ ਤੇ ਭਰੋਸਾ ਅਕਾਲੀ ਦਲ ਬਸਪਾ ਨੂੰ ਮਿਲ ਰਿਹਾ ਹੈ। ਇਸ ਲਈ ਲੋਕਾਂ ਦੇ ਪੂਰੇ ਸਹਿਯੋਗ ਨਾਲ ਅਕਾਲੀ ਦਲ ਬਸਪਾ ਆਉਂਦੀਆਂ ਵਿਧਾਨ ਸਭਾ ਚੋਣਾਂ ਵਿਚ ਇਕ ਰਿਕਾਰਡ ਜਿੱਤ ਦਰਜ ਕਰੇਗੀ। ਇਸ ਮੌਕੇ ਉਨ੍ਹਾਂ ਨਾਲ ਸਾਬਕਾ ਚੇਅਰਮੈਨ ਸੁਰਜੀਤ ਸਿੰਘ ਅਬਲੋਵਾਲ ਵੀ ਹਾਜ਼ਰ ਸਨ।

ਨਵਜੋਤ ਸਿੰਘ ਦਾਹੀਆ ਨੂੰ ਜਨਰਲ ਭਲਾਈ ਕਮਿਸ਼ਨ ਦਾ ਚੇਅਰਮੈਨ ਬਣਾਏ ਜਾਣ 'ਤੇ ਜਨਰਲ ਫੈਡਰੇਸ਼ਨ ਵਲੋਂ ਸਨਮਾਨ

ਪਟਿਆਲਾ, 3 ਜਨਵਰੀ (ਧਰਮਿੰਦਰ ਸਿੰਘ ਸਿੱਧੂ) - ਜਨਰਲ ਕੈਟਾਗਰੀ ਵੈੱਲਫੇਅਰ ਫੈਡਰੇਸ਼ਨ, ਪੰਜਾਬ ਵਲੋਂ ਸ਼ਿਆਮ ਲਾਲ ਸ਼ਰਮਾ, ਚੀਫ਼ ਆਰਗੇਨਾਈਜ਼ਰ ਅਤ